ਜ਼ਿਲਾ ਲੋਕ ਸੰਪਰਕ ਦਫਤਰ, ਫਤਹਿਗੜ ਸਾਹਿਬ ਚਨਾਰਥਲ ਕਲਾਂ - ਰੁੜਕੀ ਸੜਕ ਦੀ ਵਿਸ਼ੇਸ਼ ਰਿਪੇਅਰ ਵਿਧਾਇਕ ਨਾਗਰਾ ਨੇ ਵਿਸ਼ੇਸ਼ ਰਿਪੇਅਰ ਅਤੇ ਪ੍ਰੀਮਿਕਸ ਪਾਉਣ ਦਾ ਕੰਮ ਸ਼ੁਰੂ ਕਰਵਾਇਆ ਵਿਸ਼ੇਸ਼ ਰਿਪੇਅਰ ਅਤੇ ਪ੍ਰੀਮਿਕਸ ਪਾਉਣ 'ਤੇ ਖਰਚੇ ਜਾ ਰਹੇ ਨੇ ਕਰੀਬ 05 ਕਰੋੜ ਸੜਕ ਦੇ ਨਿਰਮਾਣ ਦੌਰਾਨ ਕੋਰੋਨਾ ਤੋਂ ਬਚਾਅ ਸਬੰਧੀ ਵਰਤੀਆਂ ਜਾ ਰਹੀਆਂ ਨੇ ਸਾਰੀਆਂ ਸਾਵਧਾਨੀਆਂ ਫਤਹਿਗੜ ਸਾਹਿਬ, 29 ਮਈ ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਨਾਗਰਾ ਨੇ ਪਿੰਡ ਚਨਾਰਥਲ ਕਲਾਂ ਤੋਂ ਰੁੜਕੀ ਤੱਕ ਦੀ 18 ਫੁੱਟ ਚੌੜੀ ਤੇ 06 ਕਿਲੋਮੀਟਰ ਲੰਮੀ ਸੜਕ ਦੀ ਵਿਸ਼ੇਸ਼ ਮੁਰੰਮਤ ਅਤੇ ਪ੍ਰੀਮਿਕਸ ਪਾਉਣ ਦੇ ਕੰਮ ਦੀ ਸ਼ੁਰੂਆਤ ਕਰਵਾਉਂਦਿਆਂ ਕਿਹਾ ਕਿ ਇਸ ਸੜਕ ਦੀ ਵਿਸੇਸ਼ ਮੁਰੰਮਤ ਹੋਣ ਨਾਲ ਵੱਡੀ ਗਿਣਤੀ ਪਿੰਡਾਂ ਦੇ ਲੋਕਾਂ ਦੀ ਚਿਰਕੋਣੀ ਮੰਗ ਪੂਰੀ ਹੋ ਰਹੀ ਹੈ। ਉਨਾਂ ਦੱਸਿਆ ਕਿ ਇਸ ਸੜਕ ਦੀ ਵਿਸ਼ੇਸ਼ ਰਿਪੇਅਰ 15 ਸਾਲਾਂ ਬਾਅਦ ਕੀਤੀ ਜਾ ਰਹੀ ਹੈ ਅਤੇ ਇਸ ਵਿਸ਼ੇਸ਼ ਰਿਪੇਅਰ ਅਤੇ ਪ੍ਰੀਮਿਕਸ ਪਾਉਣ ਉੱਤੇ ਕਰੀਬ 04 ਕਰੋੜ 85 ਲੱਖ ਰੁਪਏ ਖਰਚੇ ਜਾ ਰਹੇ ਹਨ। ਸ.ਨਾਗਰਾ ਨੇ ਦੱਸਿਆ ਕਿ ਇਹ ਸੜਕ ਕਾਫੀ ਅਹਿਮ ਸੜਕ ਹੈ ਤੇ ਪਟਿਆਲਾ ਤੇ ਫਤਹਿਗੜ ਸਾਹਿਬ ਜ਼ਿਲਿਆਂ ਨੂੰ ਆਪਸ ਵਿੱਚ ਜੋੜਨ ਵਾਲੀਆਂ ਸ਼ਾਮਲ ਹੈ। ਇਹ ਸੜਕ ਇਲਾਕੇ ਦੇ ਵੱਡੀ ਗਿਣਤੀ ਪਿੰਡਾਂ ਨੂੰ ਸਰਹਿੰਦ-ਪਟਿਆਲਾ ਰੋਡ ਨਾਲ ਵੀ ਜੋੜਦੀ ਹੈ। ਇਸ ਸੜਕ ਦੇ ਬਨਣ ਨਾਲ ਲੋਕਾਂ ਦੀਆਂ ਆਵਾਜਾਈ ਸਬੰਧੀ ਵੱਡੀਆਂ ਮੁਸ਼ਕਲਾਂ ਹੱਲ ਹੋਣਗੀਆਂ। ਹਲਕਾ ਵਿਧਾਇਕ ਨੇ ਦੱਸਿਆ ਕਿ ਇਸ ਸੜਕ ਦੇ ਨਿਰਮਾਣ ਕਾਰਜ ਦੌਰਾਨ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਸਿਹਤ ਵਿਭਾਗ ਵੱਲੋਂ ਦੱਸੀਆ ਸਾਰੀਆਂ ਸਾਵਧਾਨੀਆਂ ਦੀ ਪਾਲਣਾ ਯਕੀਨੀ ਬਣਾਈ ਜਾ ਰਹੀ ਹੈ। ਉਨਾਂ ਨੇ ਲੋਕਾ ਨੂੰ ਅਪੀਲ ਕੀਤੀ ਕਿ ਕੋਰੋਨਾ ਵਾਇਰਸ ਤੋਂ ਬਚਾਅ ਲਈ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਯਕੀਨੀ ਬਣਾਈ ਜਾਵੇ ਤਾਂ ਜੋ ਇਸ ਵਾਇਰਸ ਨੂੰ ਫੈਲਣ ਤੋਂ ਰੋਕਿਆ ਜਾ ਸਕੇ। ਇਸ ਮੌਕੇ ਵਿਧਾਇਕ ਨਾਗਰਾ ਦੇ ਮੀਡੀਆ ਇੰਚਾਰਜ ਪਰਮਵੀਰ ਸਿੰਘ ਟਿਵਾਣਾ, ਐੱਸ.ਡੀ.ਓ ਦਲਜੀਤ ਸਿੰਘ ਸਿੱਧੂ, ਜੇ.ਈ ਹਤਿੰਦਰ ਕੁਮਾਰ, ਮਾਰਕਿਟ ਕਮੇਟੀ ਚਨਾਰਥਲ ਦੇ ਵਾਇਸ ਚੇਅਰਮੈਨ ਇੰਦਰਪਾਲ ਸਿੰਘ, ਸਰਪੰਚ ਜਗਦੀਪ ਸਿੰਘ ਨੰਬਰਦਾਰ, ਬਲਾਕ ਸੰਮਤੀ ਮੈਂਬਰ ਲਖਵਿੰਦਰ ਸਿੰਘ ਲੱਖੀ, ਗੁਰਪ੍ਰੀਤ ਸਿੰਘ ਬਾਵਾ, ਪਰਮਜੀਤ ਸਿੰਘ ਠੇਕੇਦਾਰ, ਗੁਰਸੇਵਕ ਸਿੰਘ ਸੋਨੀ, ਕਰਮਜੀਤ ਸਿੰਘ, ਰਣਜੀਤ ਸਿੰਘ, ਗੁਰਕ੍ਰਿਪਾਲ ਸਿੰਘ ਸਿੰਘ ਕੱਕੂ, ਕ੍ਰਿਸ਼ਨ ਲਾਲ, ਕੁਲਵੰਤ ਸਿੰਘ, ਭਵਰੀਤ ਸਿੰਘ, ਅਮਨਜੋਤ ਸਿੰਘ ਹਾਜ਼ਰ ਸਨ
ਫੋਟੋ ਕੈਪਸ਼ਨ : ਵਿਧਾਇਕ ਕੁਲਜੀਤ ਸਿੰਘ ਨਾਗਰਾ ਸੜਕ ਤੇ ਪ੍ਰੀਮਿਕਸ ਪਾਉਣ ਦੇ ਕੰਮ ਦੀ ਸ਼ੁਰੂਆਤ ਕਰਵਾਉਂਦੇ ਹੋਏ।

ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਤਹਿਗੜ੍ਹ ਸਾਹਿਬ

ਵਧੀਕ ਡਿਪਟੀ ਕਮਿਸ਼ਨਰ ਨੇ ਬ੍ਰਾਹਮਣ ਮਾਜਰਾ ਸਰਹਿੰਦ ਵਿਖੇ ਲੋੜਵੰਦਾਂ ਨੂੰ ਮਾਸਕ ਵੰਡੇ

ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਸਾਵਧਾਨੀਆਂ ਵਰਤਣ ਦੀ ਅਪੀਲ

ਫਤਹਿਗੜ੍ਹ ਸਾਹਿਬ, 29 ਮਈ

ਕੋਰੋਨਾ ਵਾਇਰਸ ਤੋਂ ਬਚਾਅ ਲਈ ਸਿਹਤ ਵਿਭਾਗ ਵੱਲੋਂ ਦੱਸੀਆਂ ਸਾਵਧਾਨੀਆਂ ਦੀ ਪਾਲਣਾ ਲਾਜ਼ਮੀ ਹੈ ਅਤੇ ਘਰੋਂ ਬਾਹਰ ਨਿਕਲਣ ਲੱਗੇ ਮਾਸਕ ਪਾਉਣ, ਸਮਾਜਿਕ ਵਿੱਥ ਕਾਇਮ ਰੱਖਣ ਅਤੇ ਵਾਰ ਵਾਰ ਹੱਥ ਧੋਣ ਸਬੰਧੀ ਕਿਸੇ ਕਿਸਮ ਦੀ ਢਿੱਲ ਨਾ ਵਰਤੀ ਜਾਵੇ। ਇੰਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਨੁਪ੍ਰਿਤਾ ਜੌਹਲ ਨੇ ਬ੍ਰਾਹਮਣ ਮਾਜਰਾ ਸਰਹਿੰਦ ਵਿਖੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੋੜਵੰਦਾਂ ਨੂੰ ਮਾਸਕ ਵੰਡਣ ਮੌਕੇ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਕੱਪੜੇ ਦੇ ਬਣੇ ਇਹ ਮਾਸਕ ਜਿੱਥੇ ਗਰਮੀਆਂ ਵਿੱਚ ਸੌਖਿਆਂ ਵਰਤੇ ਜਾ ਸਕਦੇ ਹਨ ਉਥੇ ਚੰਗੀ ਤਰ੍ਹਾਂ ਧੋ ਕੇ ਇਨ੍ਹਾਂ ਨੂੰ ਮੁੜ ਮੁੜ ਵਰਤਿਆ ਜਾ ਸਕਦਾ ਹੈ।
ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੋਰੋਨਾ ਨੂੰ ਫੈਲਣ ਤੋਂ ਰੋਕਣ ਲਈ ਦਿਨ ਰਾਤ ਇੱਕ ਕਰਕੇ ਕੰਮ ਕੀਤਾ ਜਾ ਰਿਹਾ ਹੈ ਅਤੇ ਲੋਕਾਂ ਦੀਆਂ ਮੁਸ਼ਕਿਲਾਂ ਦਾ ਹੱਲ ਕਰਨ ਲਈ ਵਿਸ਼ੇਸ਼ ਉਪਰਾਲੇ ਲਗਾਤਾਰ ਜ਼ਾਰੀ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਹੁਣ ਤੱਕ ਪਾਜ਼ੇਟਿਵ ਪਾਏ ਗਏ ਸਾਰੇ 57 ਮਰੀਜ਼ ਇਲਾਜ ਉਪਰੰਤ ਡਿਸਚਾਰਜ ਹੋ ਚੁੱਕੇ ਹਨ ਤੇ ਕੋਰੋਨਾ ਨੂੰ ਫੈਲਣ ਤੋਂ ਰੋਕਣ ਦੇ ਮੱਦੇਨਜ਼ਰ ਲਗਾਤਾਰ ਸੈਂਪਲ ਲੈ ਕੇ ਜਾਂਚ ਜਾਰੀ ਹੈ। ਇਸ ਮੌਕੇ ਜ਼ਿਲ੍ਹਾ ਪ੍ਰਸਾਸ਼ਨ ਵੱਲੋਂ ਲੋੜਵੰਦਾਂ ਨੂੰ ਖਾਣ ਪੀਣ ਦੀਆਂ ਵਸਤਾਂ ਵੀ ਵੰਡੀਆਂ ਗਈਆਂ। ਇਸ ਮੌਕੇ ਐਸ ਡੀ ਐਮ ਡਾ:ਸੰਜੀਵ ਕੁਮਾਰ, ਸਹਾਇਕ ਕਮਿਸ਼ਨਰ ਜਨਰਲ ਸ੍ਰੀ ਜਸਪ੍ਰੀਤ ਸਿੰਘ ਅਤੇ ਤਹਿਸੀਲਦਾਰ ਗੁਰਜਿੰਦਰ ਸਿੰਘ ਵੀ ਮੌਜੂਦ ਸਨ।

ਕੈਪਸ਼ਨ: ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਨੁਪ੍ਰਿਤਾ ਜੌਹਲ ਬ੍ਰਾਹਮਣ ਮਾਜਰਾ ਸਰਹਿੰਦ ਵਿਖੇ ਲੋੜਵੰਦਾਂ ਨੂੰ ਮਾਸਕ ਵੰਡਦੇ ਹੋਏ। ਉਨ੍ਹਾਂ ਨਾਲ ਐਸ ਡੀ ਐਮ ਡਾ ਸੰਜੀਵ ਕੁਮਾਰ ਅਤੇ ਸਹਾਇਕ ਕਮਿਸ਼ਨਰ ਜਨਰਲ ਸ੍ਰੀ ਜਸਪ੍ਰੀਤ ਸਿੰਘ ਵੀ ਦਿਖਾਈ ਦੇ ਰਹੇ ਹਨ।

ਜ਼ਿਲ੍ਹਾ ਲੋਕ ਸੰਪਰਕ ਦਫਤਰ, ਫਤਹਿਗੜ੍ਹ ਸਾਹਿਬ

ਮਾਸਕ ਨਾ ਪਾਉਣ ਵਾਲਿਆਂ ਦੇ ਕੱਟੇ ਚਲਾਨ

ਵਧੀਕ ਡਿਪਟੀ ਕਮਿਸ਼ਨਰ ਦੀ ਅਗਵਾਈ ਹੇਠ ਪ੍ਰਸ਼ਾਸਨਿਕ ਅਧਿਕਾਰੀਆਂ ਵੱਲੋਂ ਸਰਹਿੰਦ ਮੰਡੀ ਦਾ ਦੌਰਾ

ਕੋਰੋਨਾ ਤੋਂ ਬਚਾਅ ਸਬੰਧੀ ਸਰਕਾਰ ਦੀਆਂ ਹਦਾਇਤਾਂ ਦੀ ਇੰਨ ਬਿਨ ਪਾਲਣਾ ਯਕੀਨੀ ਬਣਾਉਣ ਦੀ ਅਪੀਲ

ਫਤਹਿਗੜ੍ਹ ਸਾਹਿਬ, 29 ਮਈ

ਕੋਰੋਨਾ ਵਾਇਰਸ ਤੋਂ ਬਚਾਅ ਲਈ ਘਰੋਂ ਬਾਹਰ ਨਿਕਲਣ ਲੱਗੇ ਮਾਸਕ ਪਾਉਣਾ ਅਤੇ ਸਮਾਜਿਕ ਵਿੱਥ ਲਾਜ਼ਮੀ ਹੈ ਅਤੇ ਇਸਦੀ ਪਾਲਣਾ ਯਕੀਨੀ ਬਣਾਉਣ ਲਈ ਪ੍ਰਸ਼ਾਸਨ ਲਗਾਤਾਰ ਕੰਮ ਕਰ ਰਿਹਾ ਹੈ ਅਤੇ ਇਸ ਸਬੰਧੀ ਉਲੰਘਣਾ ਕਰਨ ਵਾਲਿਆਂ ਦੇ ਚਲਾਨ ਕੱਟੇ ਜਾ ਰਹੇ ਹਨ। ਇਹ ਜਾਣਕਾਰੀ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਨੁਪ੍ਰਿਤਾ ਜੌਹਲ ਨੇ ਸਰਹਿੰਦ ਮੰਡੀ ਦਾ ਦੌਰਾ ਕਰਦਿਆਂ ਦਿੱਤੀ। ਇਸ ਮੌਕੇ ਸਹਾਇਕ ਕਮਿਸ਼ਨਰ (ਜਨਰਲ) ਜਸਪ੍ਰੀਤ ਸਿੰਘ ਅਤੇ ਐਸ ਡੀ ਐਮ ਫਤਹਿਗੜ੍ਹ ਸਾਹਿਬ ਡਾ ਸੰਜੀਵ ਕੁਮਾਰ ਉਨ੍ਹਾਂ ਦੇ ਨਾਲ ਸਨ। ਇਸ ਮੌਕੇ ਪ੍ਰਸ਼ਾਸਨ ਵੱਲੋਂ ਮਾਸਕ ਨਾ ਪਾਉਣ ਅਤੇ ਸਮਾਜਿਕ ਵਿੱਥ ਦੀ ਉਲੰਘਣਾ ਕਰਨ ਵਾਲਿਆਂ ਦੇ ਚਲਾਨ ਕੱਟੇ ਗਏ। ਇਸਦੇ ਨਾਲ ਹੀ ਅਧਿਕਾਰੀਆਂ ਵੱਲੋਂ ਵੱਖ ਵੱਖ ਦੁਕਾਨਾਂ ਦੀ ਚੈਕਿੰਗ ਕੀਤੀ ਗਈ ਅਤੇ ਮਾਸਕ ਪਾਉਣ ਤੇ ਸਮਾਜਿਕ ਵਿੱਥ ਯਕੀਨੀ ਬਣਾਉਣ ਸਬੰਧੀ ਹਦਾਇਤਾਂ ਵੀ ਦਿੱਤੀਆਂ ਗਈਆਂ। ਇਸ ਸਬੰਧੀ ਹੋਰ ਗੱਲਬਾਤ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਯਕੀਨੀ ਬਣਾ ਕੇ ਹੀ ਕੋਰੋਨਾ ਵਾਇਰਸ ਤੋਂ ਬਚਿਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਮਾਸਕ ਨਾ ਪਾਉਣ ਅਤੇ ਸਮਾਜਿਕ ਵਿੱਥ ਸਬੰਧੀ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖਿਲਾਫ ਕਾਨੂੰਨ ਮੁਤਾਬਿਕ ਸਖਤ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਸਰਕਾਰ ਵੱਲੋਂ ਲੋਕਾਂ ਨੂੰ ਕੋਰੋਨਾ ਤੋਂ ਬਚਾਉਣ ਦੇ ਮੱਦੇਨਜ਼ਰ ਹੀ ਵਿਸ਼ੇਸ਼ ਕਦਮ ਚੁੱਕੇ ਜਾ ਰਹੇ ਹਨ ਅਤੇ ਮਾਸਕ ਨਾ ਪਾਉਣ ਅਤੇ ਸਮਾਜਿਕ ਵਿੱਥ ਨਾ ਰੱਖਣ ਵਰਗੀ ਉਲੰਘਣਾ ਬਿਲਕੁਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਸ ਮੌਕੇ ਤਹਿਸੀਲਦਾਰ ਗੁਰਜਿੰਦਰ ਸਿੰਘ ਵੀ ਮੌਜੂਦ ਸਨ।

ਕੈਪਸ਼ਨ :1. ਮਾਸਕ ਨਾ ਪਾਉਣ ਸਬੰਧੀ ਵਾਹਨ ਚਾਲਕਾਂ ਅਤੇ ਦੁਕਾਨਦਾਰਾਂ ਦੇ ਚਲਾਨ ਕੱਟੇ ਜਾਣ ਦਾ ਦ੍ਰਿਸ਼।
2. ਸਰਹਿੰਦ ਮੰਡੀ ਦਾ ਦੌਰਾ ਕਰਦੇ ਹੋਏ ਵਧੀਕ ਡਿਪਟੀ ਕਮਿਸ਼ਨਰ ਅਨੁਪ੍ਰਿਤਾ ਜੌਹਲ। ਉਨ੍ਹਾਂ ਨਾਲ ਐਸ ਡੀ ਐਮ ਫਤਹਿਗੜ੍ਹ ਸਾਹਿਬ ਅਤੇ ਸਹਾਇਕ ਕਮਿਸ਼ਨਰ (ਜਨਰਲ) ਜਸਪ੍ਰੀਤ ਸਿੰਘ ਵੀ ਦਿਖਾਈ ਦੇ ਰਹੇ ਹਨ।

ਜ਼ਿਲ੍ਹਾ ਲੋਕ ਸੰਪਰਕ ਦਫਤਰ,ਫਤਹਿਗੜ੍ਹ ਸਾਹਿਬ

ਟਿੱਡੀ ਦਲ ਦੇ ਸੰਭਾਵੀ ਹਮਲੇ ਤੋਂ ਘਬਰਾਉਣ ਦੀ ਬਜਾਏ ਸੁਚੇਤ ਰਹਿਣ ਦੀ ਲੋੜ

ਟਿੱਡੀ ਦਲ ਦੇ ਸੰਭਾਵੀ ਹਮਲੇ ਤੋਂ ਬਚਾਅ ਸਬੰਧੀ ਪਿੰਡ ਈਸਰਹੇਲ ਵਿਖੇ ਮੌਕ ਡਰਿੱਲ

ਕਿਸਾਨਾਂ ਨੂੰ ਟਿੱਡੀ ਦਲ ਤੋਂ ਬਚਾਅ ਸਬੰਧੀ ਦਿੱਤੀ ਜਾਣਕਾਰੀ

ਫਤਹਿਗੜ੍ਹ ਸਾਹਿਬ, 29 ਮਈ
ਟਿੱਡੀ ਦਲ ਦੇ ਸੰਭਾਵੀ ਹਮਲੇ ਦੇ ਖਤਰੇ ਨੂੰ ਦੇਖਦੇ ਹੋਏ ਸ੍ਰੀ ਅਮਰੀਕ ਸਿੰਘ ਸਿੱਧੂ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ), ਫਤਹਿਗੜ੍ਹ ਸਾਹਿਬ ਦੀ ਅਗਵਾਈ ਅਤੇ ਡਾ. ਇੰਦਰਪਾਲ ਸਿੰਘ ਸੰਧੂ, ਮੁੱਖ ਖੇਤੀਬਾੜੀ ਅਫਸਰ, ਫਤਹਿਗੜ੍ਹ ਸਾਹਿਬ ਦੇ ਦਿਸ਼ਾ ਨਿਰਦੇਸ਼ਾਂ ਹੇਠ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਪਿੰਡ ਈਸਰਹੇਲ, ਬਲਾਕ ਖੇੜਾ ਵਿਖੇ ਮੌਕ ਡਰਿਲ ਕਰਵਾਈ ਗਈ। ਇਸ ਮੌਕ ਡਰਿਲ ਦੌਰਾਨ  ਫਾਇਰ ਬ੍ਰਿਗੇਡ ਤੇ ਟਰੈਕਟਰ ਅਪਰੇਟਿਡ ਸਪਰੇਅ ਪੰਪਾਂ ਰਾਂਹੀ ਬੂਟਿਆਂ ਅਤੇ ਦਰੱਖਤਾਂ ਤੇ ਸਪਰੇਅ ਕਰਕੇ ਟਿੱਡੀ ਦਲ ਤੋਂ ਬਚਾਅ ਦੀ ਵਿਧੀ ਬਾਰੇ ਜਾਣਕਾਰੀ ਦਿੱਤੀ ਗਈ।
ਇਸ ਮੌਕੇ  ਡਾ. ਸੰਧੂ ਨੇ ਦੱਸਿਆ ਕਿ ਟਿੱਡੀ ਦਲ  ਤੋਂ ਘਬਰਾਉਣ ਦੀ ਨਹੀਂ ਸਿਰਫ ਸੁਚੇਤ ਰਹਿਣ ਦੀ ਲੋੜ ਹੈ। ਟਿੱਡੀ ਦਲ ਸ਼ਾਮ ਢਲੇ ਖੇਤਾਂ ਵਿੱਚ ਜਾਂ ਉੱਚੇ ਦਰੱਖਤਾਂ ਤੇ ਬੈਠ ਜਾਂਦਾ ਹੈ ਅਤੇ ਅਗਲੇ ਦਿਨ ਸੂਰਜ ਚੜਣ ਸਮੇਂ ਤੱਕ ਬੈਠਾ ਰਹਿੰਦਾ ਹੈ। ਉਨ੍ਹਾਂ ਨੇ ਕਿਹਾ ਕਿ ਇਸ ਦੀ ਰੋਕਥਾਮ ਮੁਹਿੰਮ ਵਿੱਚ ਸਰਕਾਰ ਦੇ ਨਾਲ ਨਾਲ ਕਿਸਾਨਾਂ ਦੀ ਸ਼ਮੂਲੀਅਤ ਬਹੁਤ ਜ਼ਰੂਰੀ ਅਤੇ ਵਡਮੁੱਲੀ ਹੈ। ਜੇਕਰ ਟਿੱਡੀ ਦਲ ਦਾ ਹਮਲਾ ਹੁੰਦਾ ਹੈ ਤਾਂ ਕਿਸਾਨਾਂ ਵੱਲੋਂ ਦਿਨ ਸਮੇਂ ਖੜਾਕ ਕਰ ਕੇ, ਪਟਾਕੇ ਚਲਾ ਕੇ ਢੋਲ ਵਜਾ ਕੇ, ਪੀਪੇ ਜਾਂ ਭਾਂਡੇ ਖੜਕਾ ਕੇ, ਉੱਚੀ ਆਵਾਜ਼ ਵਿੱਚ ਖੇਤਾਂ ਵਿੱਚ ਸਪੀਕਰਾਂ ਰਾਂਹੀ ਸ਼ੋਰ ਮਚਾ ਕੇ, ਟਿੱਡੀ ਦਲ ਨੂੰ ਫਸਲਾਂ ਤੇ ਬੈਠਣ ਤੋਂ ਰੋਕਿਆ ਜਾਵੇ ਤਾਂ ਜੋ ਇਹ ਫਸਲਾਂ ਦਾ ਨੁਕਸਾਨ ਨਾ ਕਰ ਸਕੇ।
ਡਾ. ਸੰਧੂ ਨੇ ਦੱਸਿਆ ਕਿ ਟਿੱਡੀ ਦਲ ਦੇ ਸ਼ਾਮ ਸਮੇਂ ਬੈਠਣ ਉਪਰੰਤ ਇਸ ਦੇ ਕੰਟਰੋਲ ਲਈ ਉਸੇ ਸਮੇਂ ਖੇਤੀਬਾੜੀ ਵਿਭਾਗ ਵੱਲੋਂ ਕੀੜੇਮਾਰ ਦਵਾਈਆਂ ਸਪਰੇਅ ਕਰਨ ਹਿੱਤ ਮੁਹਿੰਮ ਚਲਾਈ ਜਾਵੇਗੀ। ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਸਪਰੇਅ ਪੰਪਾਂ ਸਮੇਤ ਮੁਹਿੰਮ ਵਿੱਚ ਸ਼ਾਮਲ ਹੋਣ ਲਈ ਤਿਆਰ ਰਹਿਣ ਅਤੇ ਪਾਣੀ ਲਈ ਆਪਣੇ ਆਪਣੇ ਟਿਊਬਵੈਲਾਂ ਤੇ ਪ੍ਰਬੰਧ ਕਰਨ ਤਾਂ ਜੋ ਕੀੜੇਮਾਰ ਦਵਾਈ ਦੀ ਸਪਰੇਅ ਕਰਕੇ ਟਿੱਡੀ ਦਲ ਤੋਂ ਬਚਾਅ ਕੀਤਾ ਜਾ ਸਕੇ। ਇਸ ਮੌਕੇ ਡਾ. ਹਰਸੰਗੀਤ ਸਿੰਘ, ਖੇਤੀਬਾੜੀ ਅਫਸਰ, ਡਾ.ਕੁਲਵਿੰਦਰ ਸਿੰਘ ਖੇਤੀਬਾੜੀ ਅਫਸਰ, ਡਾ. ਵਿਪਿਨ ਰਾਮਪਾਲ, ਡਿਪਟੀ ਡਾਇਰੈਕਟਰ ਕੇ.ਵੀ.ਕੇ, ਖੇਤੀਬਾੜੀ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਕਰਮਚਾਰੀ ਅਤੇ ਪਿੰਡ ਦੇ ਕਿਸਾਨ ਮੌਜੂਦ ਸਨ।
ਕੈਪਸਨ,  ਪਿੰਡ ਈਸਰਹੇਲ ਵਿਖੇ ਕੀਤੀ ਮੌਕ ਡਰਿੱਲ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਵਿਕਾਸ, ਅਮਰੀਕ ਸਿੰਘ ਸਿੱਧੂ ਅਤੇ ਮੁੱਖ ਖੇਤੀਬਾੜੀ ਅਫਸਰ  ਇੰਦਰਪਾਲ ਸਿੰਘ ਸੰਧੂ ।